**ਦਫਤਰ ਚੋਣਕਾਰ ਰਜਿਸਟਰੇਸ਼ਨ ਅਫ਼ਸਰ**
091 ਭੁੱਚੋ ਮੰਡੀ ਵਿਧਾਨ ਸਭਾ ਹਲਕਾ (ਅ.ਜ.)-ਕਮ-ਸਕੱਤਰ ਰਿਜਨਲ ਟਰਾਂਸਪੋਰਟ ਅਥਾਰਟੀ, ਬਠਿੰਡਾ
ਕਮਰਾ ਨੰ:242-ਈ, ਪਹਿਲੀ ਮੰਜਲ, ਮਿੰਨੀ ਸਕੱਤਰੇਤ, ਬਠਿੰਡਾ।
email:-ero-91@punjab.gov.in

ਜਿੰਮੇਵਾਰ ਬਣੋ, ਵੋਟਰ ਬਣੋ

ਜਿੰਮੇਵਾਰ ਬਣੋ, ਵੋਟਰ ਬਣੋ

**ਪੱਤਰ ਨੰ:ਚੋਣਾਂ-2023/** 9739 9-2-23

**ਮਿਤੀ:**

ਵੱਲ,

ਸਮੂਹ ਸੁਪਰਵਾਈਜ਼ਰ,
091-ਭੁੱਚੋ ਮੰਡੀ (ਅ.ਜ) ਵਿਧਾਨ ਸਭਾ ਹਲਕਾ,
ਬਠਿੰਡਾ।

ਵਿਸ਼ਾ:- **Special Cam Day w.r.t Collection of Aadhar data from the elctors on voluntary basis for linking and authentication of electoral rolls data-regarding.**

ਹਵਾਲਾ:- ਇਸ ਦਫਤਰ ਦਾ ਪੱਤਰ ਨੰ: ਚੋਣਾਂ-2022/1693-96 ਮਿਤੀ 30 ਅਗਸਤ 2022.

ਉਪਰੋਕਤ ਵਿਸ਼ੇ ਸਬੰਧੀ ਹਵਾਲਾ ਅਧੀਨ ਪੱਤਰ ਦੇ ਸਬੰਧ ਵਿੱਚ ਮਾਨਯੋਗ ਭਾਰਤ ਚੋਣ ਕਮਿਸ਼ਨ ਜੀ ਵੱਲੋ ਪੱਤਰ ਨੰ: ਚੋਣ-2022/ਪੀ-11268 ਮਿਤੀ: 24-08-2022 ਰਾਹੀ ਜਾਰੀ ਕੀਤੀਆਂ ਗਈਆਂ ਹਦਾਇਤਾ ਅਨੁਸਾਰ ਵੋਟਰ ਸੂਚੀਆਂ ਦੇ ਡਾਟੇ ਨਾਲ ਆਧਾਰ ਕਾਰਡ ਨੂੰ ਲਿੰਕ ਕਰਨ ਦੇ ਮੰਤਵ ਲਈ ਵਿਧਾਨ ਸਭਾ ਹਲਕਾ 091-ਭੁੱਚੋ ਮੰਡੀ ਅਧੀਨ ਆਉਂਦੇ ਸਮੂਹ ਸੁਪਰਵਾਈਜ਼ਰ ਅਤੇ ਬੀ.ਐਲ.ਓਜ਼ ਵੱਲੋ ਆਧਾਰ ਡਾਟਾ ਇਕੱਤਰ ਕਰਨ ਸਬੰਧੀ ਹਰ ਮਹੀਨੇ ਦੇ ਇੱਕ ਐਤਵਾਰ ਨੂੰ ਪੋਲਿੰਗ ਬੂਥਾਂ ਤੇ ਸਪੈਸ਼ਲ ਕੈਂਪ ਲਗਾਉਣ ਸਬੰਧੀ ਤਿਆਰ ਕੀਤੇ ਗਏ ਸ਼ਡਿਊਲ ਵਿੱਚ ਫਰਵਰੀ ਮਹੀਨੇ ਦਾ ਕੈਂਪ ਜੋ ਮਿਤੀ: 05-02-2023 (ਦਿਨ ਐਤਵਾਰ) ਨੂੰ ਜਾਣਾ ਸੀ ਪ੍ਰੰਤੂ ਪੰਜਾਬ ਸਰਕਾਰ ਵੱਲੋ ਜਾਰੀ ਕਲੈਂਡਰ ਸਾਲ 2023 ਅਨੁਸਾਰ ਮਿਤੀ: 05-02-2023 ਨੂੰ ਗੁਰੂ ਰਵੀਦਾਸ ਜੀ ਦਾ ਜਨਮ ਦਿਹਾੜਾ ਹੋਣ ਕਰਕੇ ਹਵਾਲਾ ਅਧੀਨ ਪੱਤਰ ਨਾਲ ਤਿਆਰ ਕੀਤੇ ਗਏ ਸ਼ਡਿਊਲ ਵਿੱਚ ਹੇਠ ਲਿਖੇ ਅਨੁਸਾਰ ਤਬਦੀਲੀ ਕੀਤੀ ਜਾਂਦੀ ਹੈ:-

| ਲੜੀ ਨੰ: | ਸਾਲ 2023 ਦੇ ਮਹੀਨੇ ਦਾ ਨਾਮ | ਸਪੈਸ਼ਲ ਕੈਂਪਾਂ ਦੀ ਮਿਤੀ |
|---|---|---|
| 1 | ਫਰਵਰੀ, 2023 | 12-02-2023 |
| 2 | ਮਾਰਚ, 2023 | 05-03-2023 |

ਆਪ ਨੂੰ ਹਦਾਇਤ ਕੀਤੀ ਜਾਂਦੀ ਹੈ ਤਿਆਰ ਕੀਤੇ ਗਏ ਸ਼ਡਿਊਲ ਅਨੁਸਾਰ ਆਪ ਦੇ ਅਧੀਨ ਕੰਮ ਕਰਦੇ ਬੀ.ਐਲ.ਓ ਵੱਲੋ ਪੋਲਿੰਗ ਬੂਥਾਂ ਤੇ ਕੈਂਪ ਲਗਵਾਉਣੇ ਯਕੀਨੀ ਬਣਾਏ ਜਾਣ ਅਤੇ ਇਸ ਦੀ ਚੈਕਿੰਗ ਮੁੱਖ ਦਫ਼ਤਰ ਅਤੇ ਜਿਲ੍ਹਾ ਪੱਧਰ ਦੇ ਅਧਿਕਾਰੀਆਂ ਵੱਲੋ ਕੀਤੀ ਜਾ ਸਕਦੀ ਹੈ।

ਸਹਾਇਕ ਚੋਣਕਾਰ ਰਜਿਸਟਰੇਸ਼ਨ ਅਫਸਰ,
091-ਭੁੱਚੋ ਮੰਡੀ (ਅ.ਜ) ਵਿਧਾਨ ਸਭਾ ਹਲਕਾ
ਕਮ-ਉੱਪ ਮੁੱਖ ਕਾਰਜਕਾਰੀ ਅਫ਼ਸਰ,
ਜਿਲ੍ਹਾ ਪ੍ਰੀਸ਼ਦ, ਬਠਿੰਡਾ।
ਮਿਤੀ: 08-02-2023

ਪਿੱਠ ਅੰਕਣ ਨੰ: 1865
ਉਪਰੋਕਤ ਦਾ ਉਤਾਰਾ:-

1) ਜਿਲ੍ਹਾ ਚੋਣ ਅਫਸਰ, ਬਠਿੰਡਾ ਨੂੰ ਸੂਚਨਾਂ ਹਿੱਤ ਭੇਜੀ ਜਾਂਦੀ ਹੈ ਜੀ।
2) ਜਿਲ੍ਹਾ ਸਿੱਖਿਆ ਅਫਸਰ (ਸੈਕੰਡਰੀ/ਐਲੀਮੈਂਟਰੀ) ਨੂੰ ਭੇਜਦੇ ਹੋਏ ਲਿਖਿਆ ਜਾਂਦਾ ਹੈ ਕਿ ਆਪ ਅਧੀਨ ਆਉਂਦੇ ਸਕੂਲਾਂ ਦੇ ਮੁੱਖੀਆਂ ਨੂੰ ਹਦਾਇਤ ਜਾਰੀ ਕਰ ਦਿੱਤੀ ਜਾਵੇ ਕਿ ਜਿਨ੍ਹਾਂ ਸਕੂਲਾਂ ਵਿੱਚ ਪੋਲਿੰਗ ਬੂਥ ਹਨ ਉਨਾਂ ਨੂੰ ਉਕਤ ਸ਼ਡਿਊਲ ਵਿੱਚ ਦਰਸਾਈਆਂ ਗਈਆਂ ਮਿਤੀਆਂ ਨੂੰ ਖੁੱਲਾ ਰੱਖਿਆ ਜਾਵੇ।
3) ਸਮੂਹ ਬੀ.ਐਲ.ਓਜ਼ ਵਿਧਾਨ ਸਭਾ ਹਲਕਾ 091-ਭੁੱਚੋ ਮੰਡੀ (ਅ.ਜ) ਨੂੰ ਭੇਜੇ ਕੇ ਲਿਖਿਆ ਜਾਂਦਾ ਹੈ ਉਕਤ ਹਦਾਇਤਾ ਦੀ ਪਾਲਣਾ ਕਰਦੇ ਹੋਏ ਤਿਆਰ ਕੀਤੇ ਗਏ ਸ਼ਡਿਊਲ ਅਨੁਸਾਰ ਆਪਣੇ ਪੋਲਿੰਗ ਬੂਥਾਂ ਤੇ ਬੈਠਣਾ ਯਕੀਨੀ ਬਣਾਇਆ ਜਾਵੇ।ਕੈਂਪ ਦੀ ਮਿਤੀ ਤੋਂ 1 ਦਿਨ ਪਹਿਲਾਂ ਆਪ ਦੇ ਭਾਗ ਅਧੀਨ ਆਉਂਦੇ ਗੁਰੂਦਵਾਰਾ ਸਾਹਿਬ ਵਿੱਚ ਮੁਸਤਰੀ-ਮੁਨਾਦੀ ਕਰਵਾਈ ਜਾਵੇ ਤਾਂ ਜੋ ਕੈਂਪ ਦੌਰਾਨ ਵੱਧ ਤੋਂ ਵੱਧ ਫਾਰਮ ਨੰ: 6ਬੀ ਪ੍ਰਾਪਤ ਕੀਤ ਜਾ ਸਕਨ।

ਸਹਾਇਕ ਚੋਣਕਾਰ ਰਜਿਸਟਰੇਸ਼ਨ ਅਫਸਰ,
091-ਭੁੱਚੋ ਮੰਡੀ (ਅ.ਜ) ਵਿਧਾਨ ਸਭਾ ਹਲਕਾ
ਕਮ-ਉੱਪ ਮੁੱਖ ਕਾਰਜਕਾਰੀ ਅਫ਼ਸਰ,
ਜਿਲ੍ਹਾ ਪ੍ਰੀਸ਼ਦ, ਬਠਿੰਡਾ।

ਦਫ਼ਤਰ ਜਿਲ੍ਹਾ ਸਿੱਖਿਆ ਅਫ਼ਸਰ (ਸੈ.ਸਿ) ਬਠਿੰਡਾ

ਪਿੱਠਅੰਕਣ ਨੰ: ਜੀ-4/1 ( ) 2023/805 ਮਿਤੀ :10/02/2023

ਉਪਰੋਕਤ ਪੱਤਰ ਦਾ ਉਤਾਰਾ ਸਮੂਹ ਸਕੂਲ ਮੁੱਖੀਆਂ ਸਸਸਸ/ਸਹਸ/ਸਮਿਸ ਜਿਲ੍ਹਾ ਬਠਿੰਡਾ ( 091 ਭੁੱਚੋ ਮੰਡੀ ਵਿਧਾਨ ਸਭਾ ਹਲਕਾ ) ਨੂੰ ਭੇਜ ਕੇ ਲਿਖਿਆ ਜਾਂਦਾ ਹੈ ਕਿ ਜਿਨ੍ਹਾਂ ਸਕੂਲਾਂ ਵਿਚ ਪੋਲਿੰਗ ਬੂਥ ਬਣਾਏ ਗਏ ਹਨ ਉਨ੍ਹਾਂ ਨੂੰ ਉਕਤ ਸ਼ਡਿਊਲ ਵਿਚ ਦਰਸਾਈਆਂ ਗਈਆਂ ਮਿਤੀਆਂ ਨੂੰ ਖੁੱਲਾ ਰੱਖਿਆ ਜਾਣਾ ਯਕੀਨੀ ਬਣਾਇਆ ਜਾਵੇ।

ਜਿਲ੍ਹਾ ਸਿੱਖਿਆ ਅਫ਼ਸਰ (ਸੈ.ਸਿ)

ਬਠਿੰਡਾ